# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-05-2024**

- ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਅੱਜ 6 ਸੂਬਿਆਂ ਤੇ 2 ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ ਦੇ 58 ਹਲਕਿਆਂ ਵਿਚ, ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਮੁਕੰਮਲ ਹੋ ਗਿਆ ਏ।
- ਪੰਜਾਬ ਵਿਚ 7ਵੇਂ ਤੇ ਆਖਰੀ ਗੇੜ ਵਿਚ ਹੋਣ ਵਾਲੀਆਂ ਲੋਕਸਭਾ ਚੋਣਾਂ ਲਈ ਵੱਖ ਵੱਖ ਪਾਰਟੀਆਂ ਵਲੋਂ ਪ੍ਰਚਾਰ ਜ਼ੋਰਾਂ ਤੇ ਕੀਤਾ ਜਾ ਰਿਹਾ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਪੋਲਿੰਗ ਬੂਥਾਂ ਤੇ ਲੱਗੀ ਕਤਾਰ ਦੀ ਜਾਣਕਾਰੀ ਘਰ ਬੈਠੇ ਹੀ ਜਾਨਣ ਲਈ 'ਵੋਟਰ ਕਿਊ ਇਨਫੋਰਮੇਸ਼ਨ ਸਿਸਟਮ' ਸ਼ੁਰੂ ਕੀਤਾ।
- ਮੌਸਮ ਵਿਭਾਗ ਦੀ ਪੰਜਾਬ ਵਿਚ ਜਬਰਦਸਤ ਗਰਮੀ ਦਾ ਕਹਿਰ ਅਗਲੇ ਦਿਨਾਂ ਵਿਚ ਹੋਰ ਵਧਣ ਦੀ ਚੇਤਾਵਨੀ।

---

ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਅੱਜ 6 ਸੂਬਿਆਂ ਤੇ 2 ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ ਦੇ 58 ਹਲਕਿਆਂ ਵਿਚ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਮੁਕੰਮਲ ਹੋ ਗਿਆ ਏ। ਸ਼ਾਮ 5 ਵਜੇ ਤੱਕ ਕੋਈ 57 ਫੀਸਦੀ ਵੋਟ ਹੋਣ ਦੀ ਖ਼ਬਰ ਏ। ਇਸ ਗੇੜ ਵਿੱਚ ਬਿਹਾਰ ਦੇ 8 , ਹਰਿਆਣਾ ਦੇ ਸਾਰੇ 10, ਝਾਰਖੰਡ ਦੇ ਚਾਰ, ਦਿੱਲੀ ਦੇ 7, ਉੜੀਸਾ ਦੇ 6, ਉੱਤਰ ਪ੍ਰਦੇਸ਼ ਦੇ 14, ਪੱਛਮੀ ਬੰਗਾਲ ਦੇ 8 ਅਤੇ ਜੰਮੂ-ਕਸ਼ਮੀਰ ਦੇ ਇੱਕ ਹਲਕੇ ਵਿਚ ਵੋਟਾਂ ਪਈਆਂ ਨੇ। ਇਸ ਗੇੜ ਵਿਚ ਕੁੱਲ 889 ਉਮੀਦਵਾਰਾਂ ਦੀ ਕਿਸਮਤ ਈ ਵੀ ਐਮ ਵਿੱਚ ਬੰਦ ਹੋ ਗਈ ਏ। ਇਨਾਂ ਵਿਚ BJP ਦੇ ਧਰਮੇਂਦਰ ਪ੍ਰਧਾਨ, ਮੇਨਕਾ ਗਾਂਧੀ, ਮਨੋਹਰ ਲਾਲ, ਮਨੋਜ ਤਿਵਾੜੀ, ਕਾਂਗਰਸ ਦੇ ਦੀਪੇਂਦਰ ਹੁੱਡਾ, ਕੁਮਾਰੀ ਸ਼ੈਲਜਾ, ਰਾਜ ਬੱਬਰ ਤੇ ਕਨ੍ਹਈਆ ਕੁਮਾਰ, ਸਮਾਜਵਾਦੀ ਪਾਰਟੀ ਦੇ ਧਰਮਿੰਦਰ ਯਾਦਵ ਅਤੇ PDP ਮੁਖੀ ਮਹਿਬੂਬਾ ਮੁਫਤੀ ਸ਼ਾਮਲ ਨੇ।

---

ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿਚ ਵੀ ਚੋਣ ਪ੍ਰਚਾਰ ਹੁਣ

ਪੂਰੀਆਂ ਤਰ੍ਹਾਂ ਨਾਲ ਭਖ ਗਿਆ ਏ। ਵੱਖ ਵੱਖ ਪਾਰਟੀਆਂ ਦੇ ਆਗੂ ਪ੍ਰਚਾਰ ਵਿਚ ਰੁਝੇ ਹੋਏ ਨੇ। ਕਾਂਗਰਸ ਪਾਰਟੀ ਦੇ ਆਗੂ ਰਾਹੁਲ ਗਾਂਧੀ ਅੱਜ ਅੰਮ੍ਰਿਤਸਰ ਪੁਜੇ ਅਤੇ ਪਾਰਟੀ ਉਮੀਦਵਾਰ ਦੇ ਹੱਕ ਵਿਚ ਪ੍ਰਚਾਰ ਕੀਤਾ। ਇਸ ਤੋਂ ਅਲਾਵਾ 29 ਮਈ ਨੂੰ ਪਟਿਆਲਾ ਤੇ ਲੁਧਿਆਣਾ ਲੋਕਸਭਾ ਹਲਕੇ ਵਿਚ ਵੀ ਉਨਾਂ ਦੀਆਂ ਰੈਲੀਆਂ ਕਰਵਾਉਣ ਦਾ ਪ੍ਰੋਗਰਾਮ ਉੱਲੀਕਿਆ ਜਾ ਰਿਹਾ ਏ। ਕਾਂਗਰਸ ਆਗੂ ਪ੍ਰਿਯੰਕਾ ਗਾਂਧੀ ਦੀ ਰੈਲੀ 26 ਮਈ ਨੂੰ ਸ੍ਰੀ ਫਤਹਿਗੜ੍ਹ ਸਾਹਿਬ ਅਤੇ ਜਲੰਧਰ ਵਿਚ ਕਰਵਾਉਣ ਦੀ ਤਿਆਰੀ ਚੱਲ ਰਹੀ ਏ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅੱਜ ਅੰਮ੍ਰਿਤਸਰ ਤੇ ਤਰਨਤਾਰਨ ਲੋਕਸਭਾ ਹਲਕਿਆਂ ਵਿਚ ਚੋਣ ਪ੍ਰਚਾਰ ਕੀਤਾ।

---------------------------------------------------

BJP ਆਗੂ ਅਤੇ ਕੇਂਦਰੀ ਮੰਤਰੀ ਪਿਊਸ਼ ਗੋਇਲ ਨੇ ਅੱਜ ਅੰਮ੍ਰਿਤਸਰ ਵਿਚ ਪਾਰਟੀ ਉਮੀਦਵਾਰ ਤਰਨਜੀਤ ਸਿੰਘ ਸੰਧੂ ਦੇ ਹੱਕ ਵਿਚ ਚੋਣ ਮੀਟਿੰਗਾਂ ਕੀਤੀਆਂ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ

ਕਰਦਿਆਂ, ਉਨਾਂ ਕਿਹਾ ਕਿ ਗੁਰੂ ਨਗਰੀ ਨੇ ਬੜਾ ਸੰਤਾਪ ਹੰਢਾਇਆ ਏ ਅਤੇ ਅੰਮ੍ਰਿਤਸਰ ਦੇ ਉੱਜਵਲ ਭਵਿੱਖ ਲਈ ਇਸ ਵਾਰ ਲੋਕ BJP ਨੂੰ ਵੋਟ ਪਾਉਣਗੇ। ਉਨ੍ਹਾਂ ਕਿਹਾ ਕਿ ਜਿਹੜਾ ਦੇਸ਼ ਆਪਣੇ ਵਿਰਸੇ ਨੂੰ ਸੰਭਾਲ ਕੇ ਨਹੀਂ ਰੱਖਦਾ ਉਹ ਕਦੇ ਵੀ ਅੱਗੇ ਨਹੀਂ ਵਧ ਸਕਦਾ ਅਤੇ ਅੰਮ੍ਰਿਤਸਰ ਵਾਸੀਆਂ ਨੇ ਜੋ ਪਲ ਬਿਤਾਏ ਨੇ, ਉਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ । ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨੇ ਦੇਸ਼ ਨੂੰ ਅੱਗੇ ਲਿਜਾਣ ਦੀ ਕੋਸ਼ਿਸ਼ ਕੀਤੀ, ਕਰਤਾਰਪੁਰ ਲਾਂਘੇ  ਦਾ ਰਸਤਾ ਖੁੱਲਿਆ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਵਿਦੇਸ਼ਾਂ ਤੋਂ ਦਾਨ ਨਹੀਂ ਆਉਂਦਾ ਸੀ ਪਰ ਪ੍ਰਧਾਨ ਮੰਤਰੀ ਨੇ ਉਹ ਕੰਮ ਵੀ ਕਰਕੇ ਦਿਖਾਇਆ। ਉਨ੍ਹਾਂ ਕਿਹਾ ਕਿ ਅੱਜ ਭਾਰਤ ਵੀਰ ਬਾਲ ਦਿਵਸ ਦੇ ਰਾਹ 'ਤੇ ਅੱਗੇ ਵੱਧ ਰਿਹਾ ਏ। ਪਿਯੂਸ਼ ਗੋਇਲ ਨੇ ਕਿਹਾ ਕਿ ਨਹਿਰੂ ਤੇ ਗਾਂਧੀ ਪਰਿਵਾਰ, ਪੰਜਾਬ ਦੇ ਹੀ ਨਹੀਂ ਦੇਸ਼ ਦੇ ਹਿੱਤ ਵਿਚ ਵੀ ਨਹੀਂ ਨੇ ਅਤੇ ਇਹ ਸੁਨੇਹਾ ਕਾਂਗਰਸ ਤੱਕ ਪਹੁੰਚਣਾ ਚਾਹੀਦਾ ਏ। ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੀ ਨਤ ਮਸਤਕ ਹੋਏ।

---

ਲੋਕ ਸਭਾ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਕਾਂਗਰਸੀ ਉਮੀਦਵਾਰ, ਡਾ ਅਮਰ ਸਿੰਘ ਨੇ ਕਿਹਾ ਏ ਕਿ ਇੰਡੀਆਂ ਗੱਠਜੋੜ ਦੀ ਸਰਕਾਰ ਆਉਣ ਤੇ ਦਿਹਾਤੀ ਇਲਾਕਿਆਂ ਦੇ ਨਾਲ ਨਾਲ, ਮਗਨਰੇਗਾ ਸਕੀਮ ਦਾ ਵਿਸਥਾਰ ਕਰਕੇ ਸ਼ਹਿਰਾਂ ਵਿੱਚ ਵੀ ਲਾਗੂ ਕੀਤੀ ਜਾਵੇਗੀ । ਮੰਡੀ ਗੋਬਿੰਦਗੜ੍ਹ ਦੇ ਵੱਖ ਵੱਖ ਇਲਾਕਿਆਂ ਵਿਚ ਚੋਣ ਜਨਸਭਾਵਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ BJP ਦੀਆਂ ਲੋਕ ਮਾਰੂ ਨੀਤੀਆਂ ਕਾਰਨ ਅੱਜ ਲੋਕ ਭੁੱਖਮਰੀ ਅਤੇ ਬੇਰੁਜ਼ਗਾਰੀ ਨਾਲ ਜੂਝ ਰਹੇ ਨੇ, ਜਿਸਦੇ ਚੱਲਦਿਆਂ ਹੁਣ ਲੋਕਾਂ ਨੂੰ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਕੇ ਕੇਂਦਰ ਚ ਇੰਡੀਆਂ ਗੱਠਜੋੜ ਦੀ ਸਰਕਾਰ ਨੂੰ ਲੈ ਕੇ ਆਉਣਾ ਪਵੇਗਾ ।ਉਨ੍ਹਾਂ ਕਿਹਾ ਕਿ ਮਗਨਰੇਗਾ ਸਕੀਮ ਕਾਂਗਰਸ ਸਰਕਾਰ ਵੇਲੇ ਸ਼ੁਰੂ ਹੋਈ ਸੀ, ਜਿਸਦਾ ਮੁਖ ਮਕਸਦ ਭਾਰਤ ਦੇ ਗ੍ਰਾਮੀਣ ਖੇਤਰਾਂ ਦੇ ਲੋਕਾਂ ਨੂੰ ਰੁਜ਼ਗਾਰ ਦੇਣਾ ਸੀ ।

---

ਲੋਕ ਸਭਾ ਹਲਕੇ ਸੰਗਰੂਰ ਦੀ ਚੋਣ ਲੜ ਰਹੇ, ਆਮ ਆਦਮੀ ਪਾਰਟੀ

ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਦਾ ਕੱਲ੍ਹ ਵਿਧਾਨ ਸਭਾ ਹਲਕਾ ਮਹਿਲ ਕਲਾਂ ਦਾ ਦੌਰਾ, ਬੀਤੀ ਦੇਰ ਰਾਤ ਸਮਾਪਤ ਹੋਇਆ ਅਤੇ ਇਸ ਦੌਰਾਨ ਉਹ ਆਪਣੇ ਜੱਦੀ ਪਿੰਡ ਕੁਰੜ ਪੁੱਜੇ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੀ ਮੌਜੂਦ ਰਹੇ। ਮੀਤ ਹੇਅਰ ਨੇ ਪਿੰਡ ਵਾਸੀਆਂ ਨਾਲ ਵਾਅਦਾ ਕੀਤਾ ਕਿ ਉਹ ਲੋਕਾਂ ਦੀ ਸੇਵਾ, ਸੱਚੀ-ਸੁੱਚੀ ਇਮਾਨਦਾਰੀ ਵਾਲੀ ਰਾਜਨੀਤੀ ਕਰਨ ਲਈ ਸਿਆਸਤ ਵਿੱਚ ਆਏ ਨੇ ਅਤੇ ਕਦੇ ਵੀ ਅਜਿਹਾ ਕੰਮ ਨਹੀਂ ਕਰਨਗੇ ਜਿਸ ਨਾਲ ਕੁਰੜ ਵਾਸੀਆਂ ਨੂੰ ਸ਼ਰਮਿੰਦਾ ਹੋਣਾ ਪਵੇ। ਉਨ੍ਹਾਂ ਕਿਹਾ ਕਿ ਪਿੰਡ ਵਿੱਚ ਦੋ ਛੱਪੜ ਦੇ ਨਵੀਨੀਕਰਨ ਦਾ ਕੰਮ ਕੀਤਾ ਗਿਆ ਏ ਅਤੇ ਖੇਡ ਨਰਸਰੀ ਵੀ ਖੁੱਲ੍ਹਣ ਜਾ ਰਹੀ ਏ।

---------------------------------------------------------------

ਪੰਜਾਬ ਦੇ ਵੋਟਰ ਵੋਟਾਂ ਵਾਲੇ ਦਿਨ ਪਹਿਲੀ  ਜੂਨ ਨੂੰ ਆਪਣੇ ਪੋਲਿੰਗ ਬੂਥ ਲਈ ਰਵਾਨਾ ਹੋਣ ਤੋਂ ਪਹਿਲਾਂ ਇਹ ਜਾਣ ਸਕਣਗੇ, ਕਿ ਉਨ੍ਹਾਂ ਦੇ ਬੂਥ ਤੇ ਕਿੰਨੇ ਕੁ ਲੋਕ ਵੋਟ ਦੇਣ ਲਈ ਕਤਾਰ ਵਿੱਚ ਖੜ੍ਹੇ ਨੇ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਵੋਟਰਾਂ ਦੀ ਸਹੂਲਤ ਨੂੰ ਧਿਆਨ

ਵਿੱਚ ਰੱਖਦੇ ਹੋਏ 'ਵੋਟਰ ਕਿਊ ਇਨਫੋਰਮੇਸ਼ਨ ਸਿਸਟਮ' ਅੱਜ ਸ਼ੁਰੂ ਕੀਤਾ। ਇਹ ਸਿਸਟਮ ਐਨ ਆਈ ਸੀ ਪੰਜਾਬ ਨੇ, ਮੈਟਾ ਨਾਲ ਮਿਲ ਕੇ ਤਿਆਰ ਕੀਤਾ ਏ। ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਪਹਿਲੀ ਜੂਨ ਨੂੰ ਵੋਟਿੰਗ ਵਾਲੇ ਦਿਨ ਵੋਟਰਾਂ ਨੂੰ ਗਰਮੀ ਤੋਂ ਬਚਾਉਣ ਲਈ ਵੀ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਜਾ ਰਹੇ ਨੇ।

*ਵੇਰਵੇ ਨਾਲ ਇਹ ਰਿਪੋਰਟ:ਡਿਸਪੈਚ: ਵੋਟਰ ਕਿਊ ਇਨਫੋਰਮੇਸ਼ਨ ਸਿਸਟਮ ਨੂੰ ਵਰਤਣ ਲਈ ਵੋਟਰਾਂ ਨੂੰ ਇਕ ਵਟਸਐਪ ਨੰਬਰ 7447447217 ਤੇ 'ਵੋਟ' ਟਾਇਪ ਕਰਕੇ ਮੈਸੇਜ ਭੇਜਣਾ ਹੋਵੇਗਾ। ਇਸ ਤੋਂ ਬਾਅਦ ਇਕ ਲਿੰਕ ਆਵੇਗਾ ਜਿਸ ਤੇ ਕਲਿੱਕ ਕਰਨ ਮਗਰੋਂ 2 ਆਪਸ਼ਨ ਲੋਕੇਸ਼ਨ ਵਾਈਜ਼ ਤੇ ਬੂਥ ਵਾਈਜ਼ ਸਕਰੀਨ ਤੇ ਦਿਖਣਗੇ। ਲੋਕੇਸ਼ਨ ਵਾਈਜ਼ ਆਪਸ਼ਨ ਚੁਣਨ ਮਗਰੋਂ ਵੋਟਰ ਨੂੰ ਆਪਣੀ ਲੋਕੇਸ਼ਨ ਸ਼ੇਅਰ ਕਰਨੀ ਹੋਵੇਗੀ, ਜਿਸ ਤੋਂ ਬਾਅਦ ਮੋਬਾਇਲ ਦੀ ਸਕਰੀਨ ਤੇ ਵੋਟਰ ਦੇ ਘਰ ਨੇੜਲੇ ਪੋਲਿੰਗ ਬੂਥਾਂ ਦੀ ਸੂਚੀ ਆ ਜਾਵੇਗੀ। ਇਸ ਤੋਂ ਬਾਅਦ ਵੋਟਰ ਨੂੰ ਬੂਥ ਨੰਬਰ ਲਿਖ ਕੇ ਭੇਜਣਾ ਹੋਵੇਗਾ ਅਤੇ ਤੁਰੰਤ ਮੋਬਾਇਲ ਦੀ ਸਕਰੀਨ ਉੱਤੇ ਇਹ ਜਾਣਕਾਰੀ*

ਆ ਜਾਵੇਗੀ ਕਿ ਓਸ ਬੂਥ ਉੱਤੇ ਵੋਟ ਪਾਉਣ ਲਈ ਕਿੰਨੇ ਵੋਟਰ ਕਤਾਰ ਵਿੱਚ ਖੜ੍ਹੇ ਨੇ। ਜੇਕਰ ਵੋਟਰ ਦੂਜਾ ਆਪਸ਼ਨ ਬੂਥ ਵਾਈਜ਼ ਚੁਣਦਾ ਏ ਤਾਂ ਉਸ ਨੂੰ ਪੰਜਾਬ ਸੂਬਾ ਚੁਣਨ ਤੋਂ ਬਾਅਦ ਆਪਣੇ ਜ਼ਿਲ੍ਹੇ ਨੂੰ ਚੁਣਨਾ ਹੋਵੇਗਾ ਅਤੇ ਉਸ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕੇ ਸਕਰੀਨ ਉੱਤੇ ਆ ਜਾਣਗੇ । ਆਪਣਾ ਵਿਧਾਨ ਸਭਾ ਹਲਕਾ ਚੁਣਨ ਤੋਂ ਬਾਅਦ ਸਬੰਧਤ ਬੂਥ ਨੰਬਰ ਭਰਨਾ ਹੋਵੇਗਾ, ਜਿਸ ਨਾਲ ਵੋਟਰ ਆਪਣੇ ਬੂਥ ਉੱਤੇ ਵੋਟ ਦੇਣ ਲਈ ਖੜ੍ਹੇ ਵੋਟਰਾਂ ਦੀ ਗਿਣਤੀ ਜਾਣ ਸਕੇਗਾ । ਯਕੀਨਨ ਇਸ ਵੋਟਿੰਗ ਕਿਊ ਸਿਸਟਮ ਨਾਲ ਵੋਟਰ ਆਪਣੇ ਹਿਸਾਬ ਨਾਲ ਉਸ ਸਮੇਂ ਪੋਲਿੰਗ ਬੂਥ ਤੇ ਜਾ ਕੇ ਵੋਟ ਪਾ ਸਕੇਗਾ ਜਦੋਂ ਬੂਥ ਤੇ ਵਧੇਰੇ ਭੀੜ ਨਹੀਂ ਹੋਵੇਗੀ । ਇਸ ਨਾਲ ਵੋਟਰ ਗਰਮੀ ਤੋਂ ਵੀ ਬਚੇਗਾ ਅਤੇ ਉਸ ਦੇ ਸਮੇਂ ਦੀ ਵੀ ਬੱਚਤ ਹੋਵੇਗੀ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ

---------------------------------------------------------

ਪੰਜਾਬ ਦੇ ਮੁੱਖ ਚੋਣ ਅਫ਼ਸਰ ਸਿਬਿਨ ਸੀ ਨੇ ਅੱਜ ਮੋਹਾਲੀ ਦੇ ਪੀ.ਸੀ.ਏ ਸਟੇਡੀਅਮ ਤੋਂ ਚੋਣਾਂ ਨਾਲ ਸੰਬੰਧਤ ਇੱਕ ਸਾਈਕਲੋਥੌਨ ਨੂੰ ਰਵਾਨਾ

ਕੀਤਾ। ਇਸ ਨਾਲ ਚੋਣਾਂ ਵਿੱਚ ਸਰਗਰਮ ਭਾਗੀਦਾਰੀ ਦੀ ਮਹੱਤਤਾ ਤੋਂ ਅਲਾਵਾ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਜਾਗਰੂਕਤਾ ਪੈਦਾ ਕੀਤੀ ਗਈ। ਇਸ ਨੂੰ ਲੋਕਾਂ ਨਾਲ ਜੁੜਨ ਲਈ ਇੱਕ ਜੀਵੰਤ ਅਤੇ ਸਫਲ ਪਹਿਲ ਬਣਾਉਂਦੇ ਹੋਏ ਵੱਖ-ਵੱਖ ਖੇਤਰਾਂ ਦੇ ਭਾਗੀਦਾਰ ਇਸ ਵਿੱਚ ਸ਼ਾਮਲ ਹੋਏ। ਮੁੱਖ ਚੋਣ ਅਫ਼ਸਰ ਸਿਬਿਨ ਸੀ ਨੇ ਸੂਬੇ ਵਿਚ ਚੋਣ ਤਿਆਰੀਆਂ ਬਾਰੇ ਜਾਣਕਾਰੀ ਦਿੱਤੀ।

-----------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ, ਝੁਲਸਾ ਦੇਣ ਵਾਲੀ ਗਰਮੀ ਦਾ ਜ਼ੋਰ ਹੁਣ ਹੋਰ ਵਧਣ ਦੀ ਚੇਤਾਵਨੀ ਦਿੱਤੀ ਏ। ਵਿਭਾਗ ਨੇ 29 ਮਈ ਤਕ ਲਈ ਸੂਬੇ ਦੇ ਵੱਖ ਹਿੱਸਿਆਂ ਵਿਚ ਗਰਮੀ ਤੇ ਲੂ ਸੰਬੰਧੀ ਯੈਲੋ, ਓਰੇਂਜ ਤੇ ਰੇਡ ਅਲਰਟ ਜਾਰੀ ਕੀਤਾ ਏ। ਤਾਪਮਾਨ ਦੇ ਹਿਸਾਬ ਨਾਲ ਬਠਿੰਡਾ ਦਾ ਤਾਪਮਾਨ ਪਿਛਲੇ ਕਈ ਦਿਨਾਂ ਤੋਂ ਸਬ ਤੋਂ ਵੱਧ ਚਾਲ ਰਿਹਾ ਏ। ਏਧਰ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ, ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ, ਪਾਣੀ ਜਾਂ ORS ਘੋਲ

ਲਗਾਤਾਰ ਪੀਂਦੇ ਰਹਿਣ, ਜਰੂਰੀ ਕੰਮ ਹੋਣ ਤੇ ਹੀ ਘਰੋਂ ਬਾਹਰ ਨਿਕਲਣ, ਖਾਸਤੌਰ ਤੇ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚਣ, ਛਾਂ ਵਿੱਚ ਰਹਿਣ ਅਤੇ ਸਵੇਰੇ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਦੀ ਸਲਾਹ ਦਿੱਤੀ ਏ।

---------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਜਾਰੀ ਨੇ। ਅੱਜ ਨਾੜ ਸਾੜਨ ਦੇ ਕੁਲ 101 ਮਾਮਲੇ ਸਾਹਮਣੇ ਆਏ ਨੇ ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 11 ਹਜ਼ਾਰ 731 ਹੋ ਗਈ ਏ। ਅੱਜ ਨਾੜ ਸਾੜਨ ਦੀਆਂ ਸਬ ਤੋਂ ਵੱਧ ਘਟਨਾਵਾਂ ਲੁਧਿਆਣਾ ਤੇ ਜਲੰਧਰ ਜ਼ਿਲੇ ਵਿਚ 17-17 ਦਰਜ਼ ਕੀਤੀਆਂ ਗਈਆਂ ਜਦਕਿ ਕਪੂਰਥਲਾ ਵਿਚ 11, ਸੰਗਰੂਰ ਵਿਚ 9 ਅਤੇ ਮੋਗਾ ਜ਼ਿਲੇ ਵਿਚ 8 ਥਾਂਵਾਂ ਤੇ ਖੇਤਾਂ ਵਿਚ ਹੀ ਨਾੜ ਨੂੰ ਅੱਗ ਲਗਾਈ ਗਈ।

---------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਲੋਕ ਸਭਾ ਚੋਣਾਂ ਦੇ 6ਵੇਂ ਗੇੜ ਵਿਚ ਅੱਜ 6 ਸੂਬਿਆਂ ਤੇ 2 ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ ਦੇ 58 ਹਲਕਿਆਂ ਵਿਚ, ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਮੁਕੰਮਲ ਹੋ ਗਿਆ ਏ।
- ਪੰਜਾਬ ਵਿਚ 7ਵੇਂ ਤੇ ਆਖਰੀ ਗੇੜ ਵਿਚ ਹੋਣ ਵਾਲੀਆਂ ਲੋਕਸਭਾ ਚੋਣਾਂ ਲਈ ਵੱਖ ਵੱਖ ਪਾਰਟੀਆਂ ਵਲੋਂ ਪ੍ਰਚਾਰ ਜ਼ੋਰਾਂ ਤੇ ਕੀਤਾ ਜਾ ਰਿਹਾ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਪੋਲਿੰਗ ਬੂਥਾਂ ਤੇ ਲੱਗੀ ਕਤਾਰ ਦੀ ਜਾਣਕਾਰੀ ਘਰ ਬੈਠੇ ਹੀ ਜਾਨਣ ਲਈ 'ਵੋਟਰ ਕਿਊ ਇਨਫੋਰਮੇਸ਼ਨ ਸਿਸਟਮ' ਸ਼ੁਰੂ ਕੀਤਾ।
- ਮੌਸਮ ਵਿਭਾਗ ਦੀ ਪੰਜਾਬ ਵਿਚ ਜਬਰਦਸਤ ਗਰਮੀ ਦਾ ਕਹਿਰ ਅਗਲੇ ਦਿਨਾਂ ਵਿਚ ਹੋਰ ਵਧਣ ਦੀ ਚੇਤਾਵਨੀ।